**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ : 28-09-2025**

**ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ**

- **ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ -ਉਨ੍ਹਾਂ ਨੌਜਵਾਨ ਉੱਦਮੀਆਂ ਦੇ ਸੁਪਨਿਆਂ ਨੂੰ ਉਡਾਣ ਦੇਣ ਲਈ, ਲੋਕਾਂ ਨੂੰ ਆਉਣ ਵਾਲੇ ਤਿਉਹਾਰ ਸਵਦੇਸ਼ੀ ਉਤਪਾਦਾਂ ਨਾਲ ਮਨਾਉਣ ਦਾ ਸੱਦਾ ਦਿੱਤਾ I**
- **ਰਾਸ਼ਟਰ ਅੱਜ ਮਹਾਨ ਕ੍ਰਾਂਤੀਕਾਰੀ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਉਨ੍ਹਾਂ ਦੀ 118ਵੀਂ ਜੈਯੰਤੀ ਮੌਕੇ ਯਾਦ ਕਰ ਰਿਹਾ ਏ - ਖਟਕੜ ਕਲਾਂ ਵਿਖੇ ਹੋਇਆ ਮੁੱਖ ਸਮਾਗਮ I**
- **ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵਿਸ਼ਵ ਦਰਿਆ ਦਿਵਸ ਮੌਕੇ, ਪੰਜਾਬ ਦੇ ਲੋਕਾਂ ਨੂੰ ਦਰਿਆਵਾਂ ਨੂੰ ਬਚਾਉਣ ਲਈ ਅੱਗੇ ਆਉਣ ਦੀ ਅਪੀਲ ਕੀਤੀ ।**

- **ਨੈਸ਼ਨਲ ਫਰਟੀਲਾਈਜ਼ਰਜ਼ ਲਿਮਟਿਡ ਬਠਿੰਡਾ ਨੇ ਖੇਤੀਬਾੜੀ ਨਾਲ ਸਬੰਧਤ ਪ੍ਰੋਗਰਾਮਾਂ ਦੇ ਪ੍ਰਸਾਰਣ ਲਈ, ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਕਮਿਊਨਿਟੀ ਰੇਡੀਓ ਨਾਲ ਇੱਕ ਸਮਝੌਤਾ ਸਹੀਬੱਧ ਕੀਤਾ।**
- **-ਏਸ਼ੀਆ ਕੱਪ twenty-twenty ਕ੍ਰਿਕਟ ਦੇ ਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ ਹੋਵੇਗਾ।**

---------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਆਉਣ ਵਾਲੇ ਤਿਉਹਾਰਾਂ ਨੂੰ, ਵੋਕਲ ਫਾਰ ਲੋਕਲ ਦੇ ਮੰਤਰ ਨੂੰ ਯਾਦ ਕਰਦੇ ਹੋਏ, ਸਵਦੇਸ਼ੀ ਉਤਪਾਦਾਂ ਨਾਲ ਮਨਾਉਣ ਅਪੀਲ ਕੀਤੀ ਏ। ਅੱਜ ਆਕਾਸ਼ਵਾਣੀ 'ਤੇ ਮਨ ਕੀ ਬਾਤ ਦੇ 126ਵੀਂ ਕੜੀ ਵਿੱਚ ਦੇਸ਼ ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕਰਦਿਆਂ, ਉਨ੍ਹਾਂ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਬਹੁਤ ਸਾਰੇ ਤਿਉਹਾਰ ਨੇ ਅਤੇ ਜੀ.ਐਸ.ਟੀ ਬਚਤ ਉਤਸਵ ਵੀ ਚੱਲ ਰਿਹਾ ਏ। ਸ੍ਰੀ ਮੋਦੀ ਨੇ ਲੋਕਾਂ ਨੂੰ ਦੱਸਿਆ ਕਿ ਸਵਦੇਸ਼ੀ ਤੌਰ 'ਤੇ ਬਣੇ ਉਤਪਾਦਾਂ ਨੂੰ ਖਰੀਦਣ ਨਾਲ, ਨਾ ਸਿਰਫ਼ ਪਰਿਵਾਰ ਵਿੱਚ ਖੁਸ਼ੀ ਆਵੇਗੀ, ਸਗੋਂ ਕਾਰੀਗਰਾਂ ਦੀ ਮਿਹਨਤ ਦਾ ਸਨਮਾਨ ਵੀ ਹੋਵੇਗਾ ਅਤੇ ਨੌਜਵਾਨ ਉੱਦਮੀਆਂ ਦੇ ਸੁਪਨਿਆਂ ਨੂੰ ਵੀ ਉਡਾਣ ਮਿਲੇਗੀ।BYTE

ਪ੍ਰਧਾਨ ਮੰਤਰੀ ਨੇ ਕਿਹਾ ਕਿ ਤਿਉਹਾਰਾਂ ਦੇ ਮੌਸਮ ਦੌਰਾਨ, ਘਰਾਂ ਦੇ ਨਾਲ ਨਾਲ ਗਲੀਆਂ, ਮੁਹੱਲਿਆਂ, ਬਾਜ਼ਾਰਾਂ ਅਤੇ ਪਿੰਡਾਂ ਦੀ ਸਫ਼ਾਈ ਵੱਲ ਵੀ ਧਿਆਨ ਦੇਣਾ ਚਾਹੀਦਾ ਏ।ਪ੍ਰਧਾਨ ਮੰਤਰੀ ਨੇ ਕਿਹਾ ਕਿ ਨਰਾਤਿਆਂ ਦੌਰਾਨ ਸ਼ਕਤੀ ਦੀ ਪੂਜਾ ਕੀਤੀ ਜਾਂਦੀ ਏ। ਉਨ੍ਹਾਂ ਕਿਹਾ ਕਿ ਧੀਆਂ ਕਾਰੋਬਾਰ ਤੋਂ ਲੈ ਕੇ ਖੇਡਾਂ ਤੱਕ, ਸਿੱਖਿਆ ਤੋਂ ਲੈ ਕੇ ਵਿਗਿਆਨ ਤੱਕ ਹੁਣ ਹਰ ਖੇਤਰ ਵਿੱਚ ਆਪਣੀ ਪਛਾਣ ਬਣਾ ਰਹੀਆਂ ਹਨ।  ਪ੍ਰਧਾਨ ਮੰਤਰੀ ਨੇ ਕਿਹਾ ਕਿ ਅੱਜ ਸ਼ਹੀਦੇ ਆਜ਼ਮ ਭਗਤ ਸਿੰਘ ਅਤੇ ਗਾਇਕਾ ਲਤਾ ਮੰਗੇਸ਼ਕਰ ਦੀ ਜੈਯੰਤੀ ਹੋਣ ਨਾਲ ਮਨ ਕੀ ਬਾਤ ਦੀ ਇਹ ਕੜੀ ਵਿਸ਼ੇਸ਼ ਤੌਰ 'ਤੇ ਮਹੱਤਵਪੂਰਨ ਬਣ ਗਈ ਏ।BYTE

2 ਅਕਤੂਬਰ ਨੂੰ ਗਾਂਧੀ ਜਯੰਤੀ ਦੇ ਸੰਬੰਧ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਮਹਾਤਮਾ ਗਾਂਧੀ ਨੇ ਹਮੇਸ਼ਾ ਸਵਦੇਸ਼ੀ ਨੂੰ ਅਪਣਾਉਣ 'ਤੇ ਜ਼ੋਰ ਦਿੱਤਾ, ਜਿਸ ਵਿੱਚੋਂ ਖਾਦੀ ਸਭ ਤੋਂ ਪ੍ਰਮੁੱਖ ਸੀ। ਸ਼੍ਰੀ ਮੋਦੀ ਨੇ ਦੇਸ਼ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ 2 ਅਕਤੂਬਰ ਨੂੰ ਕੁਝ ਖਾਦੀ ਉਤਪਾਦ ਖਰੀਦਣ ਅਤੇ ਇਸਨੂੰ #VocalForLocal ਹੈਸ਼ਟੈਗ ਨਾਲ ਸੋਸ਼ਲ ਮੀਡੀਆ 'ਤੇ ਸਾਂਝਾ ਕਰਨ। । ਪ੍ਰਧਾਨ ਮੰਤਰੀ ਨੇ ਸੰਤੁਸ਼ਟੀ ਪ੍ਰਗਟ ਕੀਤੀ ਕਿ ਹੱਥ ਖੱਡੀ ਤੇ ਦਸਤਕਾਰੀ ਖੇਤਰ ਵਿੱਚ ਮਹੱਤਵਪੂਰਨ ਬਦਲਾਅ ਹੋ ਰਹੇ ਹਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਆਉਣ ਵਾਲੇ ਦਿਨਾਂ ਵਿੱਚ ਦੇਸ਼ ਭਰ

ਵਿੱਚ ਵਿਜੇਦਸ਼ਮੀ ਮਨਾਈ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਵਿਜੇਦਸ਼ਮੀ ਵਿਸ਼ੇਸ਼ ਮਹੱਤਵ ਰੱਖਦੀ ਏ ਕਿਉਂਕਿ ਰਾਸ਼ਟਰੀ ਸਵੈਮ ਸੇਵਕ ਸੰਘ ਵਿਜੇਦਸ਼ਮੀ 'ਤੇ ਆਪਣਾ 100ਵਾਂ ਸਾਲ ਪੂਰਾ ਕਰ ਰਿਹਾ ਏ। ਉਨ੍ਹਾਂ ਨੇ ਰਾਸ਼ਟਰੀ ਸੇਵਾ ਲਈ ਸਮਰਪਿਤ ਆਪਣੇ ਸਾਰੇ ਵਰਕਰਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।

------------------------------------------------------------------------------------

ਰਾਸ਼ਟਰ ਅੱਜ ਮਹਾਨ ਕ੍ਰਾਂਤੀਕਾਰੀ ਭਗਤ ਸਿੰਘ ਦੀ 118ਵੀਂ ਜੈਯੰਤੀ ਮਨਾ ਰਿਹਾ ਏ। ਸਾਲ 1907 ਵਿੱਚ ਅੱਜ ਦੇ ਦਿਨ, ਭਗਤ ਸਿੰਘ ਦਾ ਜਨਮ ਸ਼੍ਰੀਮਤੀ ਵਿਦਿਆਵਤੀ ਅਤੇ ਸ਼੍ਰੀ ਕਿਸ਼ਨ ਸਿੰਘ ਦੇ ਘਰ, ਉਸ ਸਮੇਂ ਦੇ ਭਾਰਤ ਦੇ ਪੰਜਾਬ ਦੇ ਲਾਇਲਪੁਰ ਜ਼ਿਲ੍ਹੇ ਦੇ ਪਿੰਡ ਬੰਗਾ ਵਿੱਚ ਹੋਇਆ ਸੀ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸ਼ਹੀਦ-ਆਜ਼ਮ ਭਗਤ ਸਿੰਘ ਨੂੰ ਉਨ੍ਹਾਂ ਦੇ ਜਨਮ ਦਿਵਸ 'ਤੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਕਿਹਾ ਕਿ ਆਉਣ ਵਾਲੇ ਮਹੀਨਿਆਂ ਵਿੱਚ ਮਹਾਨ ਸ਼ਹੀਦ ਦੇ ਜੱਦੀ ਪਿੰਡ ਖਟਕੜ ਕਲਾਂ ਵਿਖੇ ਸ਼ਹੀਦ ਭਗਤ ਸਿੰਘ ਵਿਰਾਸਤੀ ਕੰਪਲੈਕਸ ਸੂਬੇ ਨੂੰ ਸਮਰਪਿਤ ਕੀਤਾ ਜਾਵੇਗਾ। ਮੁੱਖ ਮੰਤਰੀ ਨੇ ਸ਼ਹੀਦ-ਏ-ਆਜ਼ਮ ਦੇ ਜਨਮ ਦਿਵਸ 'ਤੇ ਅਜਾਇਬ ਘਰ ਵਿੱਚ ਸਥਾਪਿਤ ਕੀਤਾ ਗਿਆ 100 ਫੁੱਟ ਉੱਚਾ ਤਿਰੰਗਾ ਝੰਡਾ ਵੀ ਲੋਕਾਂ ਨੂੰ ਸਮਰਪਿਤ ਕੀਤਾ। ਉਨ੍ਹਾਂ ਕਿਹਾ ਕਿ ਇਹ ਕੌਮੀ ਝੰਡਾ ਸ਼ਹੀਦ ਭਗਤ

ਸਿੰਘ ਵਿਰਾਸਤੀ ਕੰਪਲੈਕਸ ਦਾ ਹਿੱਸਾ ਏ ਜੋ ਸਾਰਿਆਂ ਲਈ ਸਤਿਕਾਰਤ ਇਸ ਸਥਾਨ ਦਾ ਮਾਣ-ਸਨਮਾਨ ਹੋਰ ਵਧਾਏਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਕੰਪਲੈਕਸ ਦਾ ਕੰਮ ਬਹੁਤ ਜਲਦ ਪੂਰਾ ਹੋ ਜਾਵੇਗਾ। ਉਨ੍ਹਾਂ ਕਿਹਾ ਕਿ 51 ਕਰੋੜ 70 ਲਖ ਰੁਪਏ ਦੀ ਲਾਗਤ ਨਾਲ ਬਣਾਇਆ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਇਹ ਮਹੱਤਵਪੂਰਨ ਪ੍ਰਾਜੈਕਟ ਦੇਸ਼ ਦੀ ਨਿਰਸਵਾਰਥ ਸੇਵਾ ਵਾਸਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਪ੍ਰੇਰਨਾ ਸਰੋਤ ਵਜੋਂ ਕੰਮ ਕਰੇਗਾ । ਮੁੱਖ ਮੰਤਰੀ ਨੇ ਦੁਹਰਾਇਆ ਕਿ ਇਸ ਸਮਾਰਕ ਵਿੱਚ ਇੱਕ ਗ੍ਰੈਂਡ ਥੀ-ਮੈਟਿਕ ਗੇਟ, ਸ਼ਹੀਦ ਭਗਤ ਸਿੰਘ ਅਜਾਇਬ ਘਰ ਨੂੰ ਉਨ੍ਹਾਂ ਦੇ ਜੱਦੀ ਘਰ ਨਾਲ ਜੋੜਦਾ 350 ਮੀਟਰ ਲੰਬੀ ਵਿਰਾਸਤੀ ਲਾਂਘਾ ਹੋਵੇਗਾ । ਉਨ੍ਹਾਂ ਕਿਹਾ ਕਿ ਇਸ ਵਿੱਚ 700 ਸੀਟਾਂ ਵਾਲਾ ਪੂਰੀ ਤਰ੍ਹਾਂ ਏਅਰ-ਕੰਡੀਸ਼ਨਡ ਆਡੀਟੋਰੀਅਮ ਵੀ ਹੋਵੇਗਾ ਅਤੇ ਨਾਲ ਹੀ ਸ਼ਹੀਦ ਭਗਤ ਸਿੰਘ ਦੇ ਲਾਇਲਪੁਰ (ਹੁਣ ਪਾਕਿਸਤਾਨ ਵਿੱਚ) ਵਿਚਲੇ ਜੱਦੀ ਘਰ ਦਾ ਇਕ ਮਾਡਲ ਵੀ ਬਣਾਇਆ ਜਾ ਰਿਹਾ ਏ । ਇਸ ਦੇ ਨਾਲ ਹੀ ਵਿਰਾਸਤੀ ਗਲੀ ਵਿੱਚ ਉਨ੍ਹਾਂ ਦੇ ਜੱਦੀ ਪਿੰਡ ਦੀ ਝਲਕ ਬਾਖੂਬੀ ਢੰਗ ਨਾਲ ਪੇਸ਼ ਕੀਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਇਸ ਤੋਂ ਇਲਾਵਾ ਖਟਕੜ ਕਲਾਂ ਵਿਖੇ ਮਹਾਨ ਸ਼ਹੀਦ ਦੇ ਜੱਦੀ ਘਰ ਨੂੰ ਸੁਰੱਖਿਅਤ ਢੰਗ ਨਾਲ ਬਹਾਲ ਕੀਤਾ ਜਾ ਰਿਹਾ ਏ ।

-----------------------------------------------------------------------------------

ਸ਼ਹੀਦ-ਏ-ਆਜ਼ਮ ਭਗਤ ਸਿੰਘ ਦੇ ਜਨਮ ਦਿਹਾੜੇ ਨੂੰ ਯਾਦਗਾਰੀ ਬਣਾਉਣ ਲਈ ਫ਼ਰੀਦਕੋਟ ਦੇ ਯੁਵਕ ਸੇਵਾਵਾਂ ਬੋਰਡ ਅਤੇ ਯੂਥ ਵਿੰਗ ਵੱਲੋਂ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਵਿਖੇ ਖੂਨਦਾਨ ਕੈਂਪ ਲਾਇਆ ਗਿਆ ਜਿਸ ਵਿਚ 60 ਤੋਂ ਵੱਧ ਖੂਨਦਾਨੀਆਂ ਨੇ ਆਪਣਾ ਖੂਨ ਦਾਨ ਕੀਤਾ ।

-----------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਐਲਾਨਿਆ ਗਿਆ ਜੀਐਸਟੀ ਬਚਤ ਉਤਸਵ, ਜੋ ਇਸ ਮਹੀਨੇ ਦੀ 22 ਤਰੀਕ ਨੂੰ ਸ਼ੁਰੂ ਹੋਇਆ ਸੀ, ਸਮਾਜ ਦੇ ਸਾਰੇ ਵਰਗਾਂ ਨੂੰ ਲਾਭ ਪਹੁੰਚਾ ਰਿਹਾ ਏ। ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰ ਭਾਰਤ ਦੀ ਅਸਿੱਧੀ ਟੈਕਸ ਪ੍ਰਣਾਲੀ ਨੂੰ ਸਰਲ ਬਣਾਉਣ ਵੱਲ ਇੱਕ ਮਹੱਤਵਪੂਰਨ ਕਦਮ ਨੇ। ਇਹ ਸੁਧਾਰ ਵੱਖ-ਵੱਖ ਵਸਤਾਂ ਅਤੇ ਸੇਵਾਵਾਂ 'ਤੇ ਟੈਕਸ ਦਰਾਂ ਘਟਾ ਕੇ,ਨਾਗਰਿਕਾਂ ਨੂੰ ਕਾਫ਼ੀ ਰਾਹਤ ਦੇ ਰਹੇ ਨੇ । *ਇੱਕ ਰਿਪੋਰਟ :RNU V/C ਅਗਲੀ ਪੀੜ੍ਹੀ ਦੇ ਜੀਐਸਟੀ ਸੁਧਾਰਾਂ ਤਹਿਤ, ਸਰਕਾਰ ਨੇ ਵੱਖ-ਵੱਖ ਖੇਤਰਾਂ ਵਿੱਚ ਟੈਕਸਾਂ ਵਿੱਚ ਮਹੱਤਵਪੂਰਨ ਕਟੌਤੀਆਂ ਦਾ ਐਲਾਨ ਕੀਤਾ ਏ। ਖੇਤੀਬਾੜੀ ਖੇਤਰ ਵਿੱਚ, ਸਰਕਾਰ ਨੇ ਮਖਾਨਾ-ਅਧਾਰਤ ਸਨੈਕਸ 'ਤੇ*

*ਜੀਐਸਟੀ ਦਰਾਂ ਨੂੰ 12 ਫ਼ੀਸਦੀ ਤੋਂ ਘਟਾ ਕੇ, 5 ਫ਼ੀਸਦੀ ਕਰ ਦਿੱਤਾ ਏ। ਇਹ ਕਟੌਤੀ ਘਰੇਲੂ ਅਤੇ ਆਲਮੀ ਬਾਜ਼ਾਰਾਂ ਵਿੱਚ ਉਤਪਾਦ ਨੂੰ ਵਧੇਰੇ ਪ੍ਰਤੀਯੋਗੀ ਬਣਾ ਦੇਵੇਗੀ। ਜੂਸ, ਜੈਮ ਅਤੇ ਅਚਾਰ 'ਤੇ ਜੀਐਸਟੀ 12 ਫ਼ੀਸਦੀ ਤੋਂ ਘਟਾ ਕੇ, 5 ਫ਼ੀਸਦੀ ਕਰਨ ਨਾਲ, ਇਸ ਨਾਲ ਸਥਾਨਕ ਸਨਅਤਾਂ ਨੂੰ ਫਾਇਦਾ ਹੋਵੇਗਾ ਅਤੇ ਖਪਤਕਾਰਾਂ ਦੀ ਮੰਗ ਵਧਣ ਦੀ ਸੰਭਾਵਨਾ ਏ। Biscuits 'ਤੇ ਜੀਐਸਟੀ 18 ਫ਼ੀਸਦੀ ਤੋਂ ਘਟਾ ਕੇ 5 ਫ਼ੀਸਦੀ ਅਤੇ ਨਮਕੀਨ ਤੇ ਸਾਸ 'ਤੇ 12 ਫ਼ੀਸਦੀ ਤੋਂ ਘਟਾ ਕੇ 5 ਫ਼ੀਸਦੀ ਕਰਨ ਨਾਲ, ਇਹ ਕਦਮ ਪੈਕ ਕੀਤੇ ਭੋਜਨ ਪਦਾਰਥਾਂ ਨੂੰ ਵਧੇਰੇ ਕਿਫਾਇਤੀ ਬਣਾ ਦੇਵੇਗਾ, ਖਪਤ ਨੂੰ ਵਧਾਏਗਾ ਅਤੇ ਖਪਤਕਾਰਾਂ ਤੇ ਖੁਰਾਕ ਪ੍ਰੋਸੈਸਿੰਗ ਸਨਅਤ ਦੋਵਾਂ ਨੂੰ ਲਾਭ ਪਹੁੰਚਾਏਗਾ। Bureau ਰਿਪੋਰਟ ਨਾਲ ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ*

---------------------------------------------------------------------------------

ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵਿਸ਼ਵ ਦਰਿਆ ਦਿਵਸ ਮੌਕੇ ਪੰਜਾਬ ਦੇ ਲੋਕਾ ਦੇ ਨਾਂਅ ਸੁਨੇਹਾ ਦਿੰਦਿਆ ਕਿਹਾ ਕਿ ਸਾਨੂੰ ਆਪਣੇ ਦਰਿਆਵਾਂ ਨੂੰ ਸੰਭਾਲਣ ਵੱਲ ਜ਼ਿਆਦਾ ਧਿਆਨ ਦੇਣ ਦੀ ਲੋੜ ਏ । ਉਨ੍ਹਾਂ ਕਿਹਾ ਕਿ ਇਸ ਸਮੇਂ ਦਰਿਆਵਾਂ ਦੀ ਹੋਂਦ ਹੀ ਖਤਰੇ ਵਿੱਚ ਏ । ਸੰਤ ਸੀਚੇਵਾਲ ਨੇ ਪੰਜਾਬ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਦੇ ਦਰਿਆਵਾਂ ਨੂੰ ਬਚਾਉਣ ਲਈ ਅੱਗੇ ਆਉਣ। BYTE:

---------------------------------------------------------------------------

ਨੈਸ਼ਨਲ ਫਰਟੀਲਾਈਜ਼ਰਜ਼ ਲਿਮਟਿਡ ਬਠਿੰਡਾ (NFL) ਨੇ ਕਿਸਾਨ ਭਾਈਚਾਰੇ ਦੀ ਭਲਾਈ ਦੇ ਉਦੇਸ਼ ਨਾਲ ਖੇਤੀਬਾੜੀ ਨਾਲ ਸਬੰਧਤ ਪ੍ਰੋਗਰਾਮਾਂ ਦੇ ਪ੍ਰਸਾਰਣ ਲਈ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਕਮਿਊਨਿਟੀ ਰੇਡੀਓ ਸਟੇਸ਼ਨ ਨਾਲ ਇੱਕ ਸਮਝੌਤੇ 'ਤੇ ਹਸਤਾਖਰ ਕੀਤੇ। ਪੰਜਾਬ ਦੇ ਸੀਨੀਅਰ ਮੈਨੇਜਰ ਆਰ.ਐਨ. ਗੌਤਮ, ਮੈਨੇਜਰ ਰਾਜਕੁਮਾਰ ਰੈਪੇਲੀ ਅਤੇ ਇਸ ਪ੍ਰੋਜੈਕਟ ਦੇ ਨੋਡਲ ਅਫਸਰ, ਗਗਨਦੀਪ ਸਿੰਘ ਮਨਹਾਸ, ਪ੍ਰਾਇਮਰੀ ਇਨਵੈਸਟੀ-ਗੇਟਰ ਡਾ. ਭਵਨੀਤ ਭੱਟੀ ਅਤੇ ਪ੍ਰੋਫੈਸਰ ਅਰਚਨਾ ਆਰ ਸਿੰਘ ਤੇ ਹੋਰਨਾਂ ਦੀ ਮੌਜੂਦਗੀ ਵਿੱਚ ਇਸ ਸਮਝੌਤੇ 'ਤੇ ਦਸਤਖਤ ਕੀਤੇ ਗਏ ।ਇਹ ਪ੍ਰੋਗਰਾਮ ਕਿਸਾਨਾਂ ਵਿੱਚ ਖਾਦਾਂ ਦੀ ਸੰਤੁਲਿਤ ਵਰਤੋਂ, ਮਿੱਟੀ ਸਿਹਤ ਪ੍ਰਬੰਧਨ, ਪਾਏਦਾਰ ਖੇਤੀਬਾੜੀ ਅਭਿਆਸਾਂ, ਅਤੇ ਭਾਰਤ ਸਰਕਾਰ ਦੀਆਂ ਵੱਖ-ਵੱਖ ਯੋਜਨਾਵਾਂ 'ਤੇ ਕੇਂਦ੍ਰਿਤ ਹੋਣਗੇ ।ਇਸ ਬਾਰੇ ਵੇਰਵੇ ਸਾਂਝੇ ਕਰਦਿਆਂ ਡਾ. ਭਵਨੀਤ ਭੱਟੀ ਨੇ ਦਸਿਆ IBYTE: ਇਸਦਾ ਉਦੇਸ਼ ਖਾਦ ਖੇਤਰ ਵਿੱਚ ਸਵੈ-ਨਿਰਭਰਤਾ ਪ੍ਰਾਪਤ ਕਰਨਾ ਅਤੇ ਟਿਕਾਊ ਖੇਤੀਬਾੜੀ ਵਿਕਾਸ ਨੂੰ ਉਤਸ਼ਾਹਿਤ ਕਰਨਾ ਏ । NFL ਖਾਦ

ਵਿਭਾਗ, ਇਸ ਪਹਿਲਕਦਮੀ ਨੂੰ ਪ੍ਰਯੋਜਿਤ ਕਰ ਰਿਹਾ ਏ ।

------------------------------------------------------------------------

ਇੱਕ ਦੇਸ਼ ਵਿਆਪੀ ਪੈਨਸ਼ਨ ਅਦਾਲਤ 30 ਸਤੰਬਰ ਨੂੰ ਸੀਮਾ ਸੁਰੱਖਿਆ ਬਲ, ਫਰੰਟੀਅਰ ਹੈੱਡਕੁਆਰਟਰ, ਜਲੰਧਰ ਵਿਖੇ ਆਯੋਜਿਤ ਕੀਤੀ ਜਾਵੇਗੀ। ਇਹ ਪੈਨਸ਼ਨ ਅਦਾਲਤ ਵੀਡੀਓ ਕਾਨਫਰੰਸਿੰਗ ਅਤੇ ਆਹਮੋ-ਸਾਹਮਣੇ ਦੋਵਾਂ ਮਾਧਿਅਮਾਂ ਰਾਹੀਂ ਕੀਤੀ ਜਾਵੇਗੀ । ਇਸਦਾ ਉਦੇਸ਼ ਪੰਜਾਬ, ਹਰਿਆਣਾ ਅਤੇ ਹਿਮਾਚਲ ਪ੍ਰਦੇਸ਼ ਦੇ ਬੀ.ਐਸ.ਐਫ ਪੈਨਸ਼ਨਰਾਂ ਅਤੇ ਪਰਿਵਾਰਕ ਪੈਨਸ਼ਨਰਾਂ ਦੀਆਂ ਸ਼ਿਕਾਇਤਾਂ ਦਾ ਹੱਲ ਕਰਨਾ ਏ । ਸਬੰਧਤ ਵਿਭਾਗਾਂ ਦੇ ਵੱਖ ਵੱਖ ਨੁਮਾਇੰਦੇ ਮੁੱਦਿਆਂ ਨੂੰ ਹੱਲ ਕਰਨ ਲਈ ਮੌਜੂਦ ਰਹਿਣਗੇ।

------------------------------------------------------------------------

ਏਸ਼ੀਆ ਕੱਪ twenty-twenty ਕ੍ਰਿਕਟ ਦੇ ਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ ਹੋਵੇਗਾ । ਇਹ ਮੈਚ ਭਾਰਤੀ ਸਮੇਂ ਅਨੁਸਾਰ ਰਾਤ 8 ਵਜੇ ਦੁਬਈ 'ਚ ਖੇਡਿਆ ਜਾਵੇਗਾ। ਏਸ਼ੀਆ ਕੱਪ ਦੇ 41 ਸਾਲਾਂ ਦੇ ਇਤਿਹਾਸ ਵਿੱਚ ਇਹ ਪਹਿਲਾ ਮੌਕਾ ਹੋਵੇਗਾ, ਜਦੋਂ ਦੋਵੇਂ ਟੀਮਾਂ ਫਾਈਨਲ ਖੇਡਣਗੀਆਂ। ਭਾਰਤ ਹੁਣ ਤੱਕ

8 ਵਾਰ ਏਸ਼ੀਆ ਕੱਪ ਦਾ ਖਿਤਾਬ ਆਪਣੇ ਨਾਂ ਕਰ ਚੁੱਕਾ ਏ। ਇਸ ਵਾਰ ਦੇ ਟੂਰਨਾਮੈਂਟ ਵਿੱਚ, ਦੋਵੇਂ ਟੀਮਾਂ ਅੱਜ ਤੀਜੀ ਵਾਰ ਆਹਮੋ-ਸਾਹਮਣੇ ਹੋਣਗੀਆਂ।

---------------------------------------------------------------------------------

- **ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਆਕਾਸ਼ਵਾਣੀ 'ਤੇ ਮਨ ਕੀ ਬਾਤ ਪ੍ਰੋਗਰਾਮ ਵਿੱਚ ਦੇਸ਼-ਵਿਦੇਸ਼ ਦੇ ਲੋਕਾਂ ਨਾਲ ਆਪਣੇ ਵਿਚਾਰ ਸਾਂਝੇ ਕੀਤੇ -ਉਨ੍ਹਾਂ ਨੌਜਵਾਨ ਉੱਦਮੀਆਂ ਦੇ ਸੁਪਨਿਆਂ ਨੂੰ ਉਡਾਣ ਦੇਣ ਲਈ, ਲੋਕਾਂ ਨੂੰ ਆਉਣ ਵਾਲੇ ਤਿਉਹਾਰ ਸਵਦੇਸ਼ੀ ਉਤਪਾਦਾਂ ਨਾਲ ਮਨਾਉਣ ਦਾ ਸੱਦਾ ਦਿੱਤਾ I**
- **-ਰਾਸ਼ਟਰ ਅੱਜ ਮਹਾਨ ਕ੍ਰਾਂਤੀਕਾਰੀ ਸ਼ਹੀਦ-ਏ-ਆਜ਼ਮ ਭਗਤ ਸਿੰਘ ਨੂੰ ਉਨ੍ਹਾਂ ਦੀ 118ਵੀਂ ਜੈਯੰਤੀ ਮੌਕੇ ਯਾਦ ਕਰ ਰਿਹਾ ਏ -ਖਟਕੜ ਕਲਾਂ ਵਿਖੇ ਹੋਇਆ ਮੁੱਖ ਸਮਾਗਮ I**
- **-ਰਾਜ ਸਭਾ ਮੈਂਬਰ ਸੰਤ ਬਲਬੀਰ ਸਿੰਘ ਸੀਚੇਵਾਲ ਨੇ ਵਿਸ਼ਵ ਦਰਿਆ ਦਿਵਸ ਮੌਕੇ, ਪੰਜਾਬ ਦੇ ਲੋਕਾਂ ਨੂੰ ਦਰਿਆਵਾਂ ਨੂੰ ਬਚਾਉਣ ਲਈ ਅੱਗੇ ਆਉਣ ਦੀ ਅਪੀਲ ਕੀਤੀ।**
- **ਨੈਸ਼ਨਲ ਫਰਟੀਲਾਈਜ਼ਰਜ਼ ਲਿਮਟਿਡ ਬਠਿੰਡਾ ਨੇ ਖੇਤੀਬਾੜੀ ਨਾਲ ਸਬੰਧਤ ਪ੍ਰੋਗਰਾਮਾਂ ਦੇ ਪ੍ਰਸਾਰਣ ਲਈ, ਪੰਜਾਬ**

**ਯੂਨੀਵਰਸਿਟੀ ਚੰਡੀਗੜ੍ਹ ਦੇ ਕਮਿਊਨਿਟੀ ਰੇਡੀਓ ਨਾਲ ਇੱਕ ਸਮਝੌਤਾ ਸਹੀਬੱਧ ਕੀਤਾ।**

**ਅਤੇ**

- **-ਏਸ਼ੀਆ ਕੱਪ twenty-twenty ਕ੍ਰਿਕਟ ਦੇ ਫਾਈਨਲ ਵਿੱਚ, ਅੱਜ ਭਾਰਤ ਦਾ ਮੁਕਾਬਲਾ ਪਾਕਿਸਤਾਨ ਨਾਲ ਹੋਵੇਗਾ।**

ਇਸਦੇ ਨਾਲ ਪ੍ਰਦੇਸ਼ਕ

ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅ ਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ!